# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-03-2024**

- ਲੋਕਸਭਾ ਚੋਣ ਪ੍ਰਕਿਰਿਆ ਵਿਚ 'ਇਸ ਵਾਰ 70 ਪਾਰ' ਮੁਹਿੰਮ ਦਾ ਟੀਚਾ ਪ੍ਰਾਪਤ ਕਰਨ ਲਈ ਪੰਜਾਬ ਦੇ ਮੁੱਖ ਚੋਣ ਦਫਤਰ ਨੇ ਕੌਮਾਂਤਰੀ ਕ੍ਰਿਕਟ ਸਟੇਡੀਅਮ ਮੁੱਲਾਂਪੁਰ ਵਿਖੇ ਕਲ ਆਈ.ਪੀ.ਐੱਲ. ਮੈਚ ਦੌਰਾਨ ਸਵੀਪ ਪ੍ਰੋਗਰਾਮ ਆਯੋਜਿਤ ਕੀਤਾ।
- ਚੋਣ ਡਿਊਟੀ ਤੋਂ ਗੈਰ ਹਾਜ਼ਰ ਅਮਲੋਹ ਦੇ ਸਹਾਇਕ ਰਿਟਰਨਿੰਗ ਅਧਿਕਾਰੀ ਅਮਰਦੀਪ ਸਿੰਘ ਥਿੰਦ ਖਿਲਾਫ ਭਾਰਤ ਚੋਣ ਕਮਿਸ਼ਨ ਨੇ ਅਨੁਸ਼ਾਸਨੀ ਕਾਰਵਾਈ ਦੇ ਨਿਰਦੇਸ਼ ਦਿੱਤੇ ਨੇ।
- ਕੌਮੀ ਹੋਲਾ ਮਹੱਲਾ ਦਾ ਦੂਜਾ ਪੜਾਅ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਅੱਜ ਸਵੇਰੇ ਅਰਦਾਸ ਕਰਨ ਉਪਰੰਤ ਸ਼ੁਰੂ ਹੋਇਆ।

- ਪਿਆਜ਼ ਦੀਆਂ ਕੀਮਤਾਂ ਕਾਬੂ ਵਿਚ ਰੱਖਣ ਲਈ ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਅਣਮਿੱਥੇ ਸਮੇਂ ਲਈ ਵਧਾ ਦਿੱਤੀ ਏ।

---------------------------------------------------------------

ਲੋਕਾਂ ਨੂੰ ਲੋਕਸਭਾ ਚੋਣ ਪ੍ਰਕਿਰਿਆ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ 'ਇਸ ਵਾਰ 70 ਪਾਰ' ਮੁਹਿੰਮ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਪੰਜਾਬ ਦੇ ਮੁੱਖ ਚੋਣ ਦਫਤਰ ਨੇ ਕਲ ਮਹਾਰਾਜਾ ਯਾਦਵਿੰਦਰ ਸਿੰਘ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਮੁੱਲਾਂਪੁਰ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਆਈ.ਪੀ.ਐੱਲ. ਮੈਚ ਦੌਰਾਨ ਇਕ ਸਵੀਪ ਪ੍ਰੋਗਰਾਮ ਦਾ ਆਯੋਜਨ ਕੀਤਾ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਕਿ ਸਵੀਪ ਵੋਟਰਾਂ ਨੂੰ ਜਾਗਰੂਕ ਅਤੇ ਚੋਣਾਂ ਵਿੱਚ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ ਭਾਰਤ ਚੋਣ ਕਮਿਸ਼ਨ ਦਾ ਇੱਕ ਪ੍ਰਮੁੱਖ ਪ੍ਰੋਗਰਾਮ ਏ। ਉਨ੍ਹਾਂ ਕਿਹਾ ਕਿ ਕ੍ਰਿਕਟ ਦੇ ਕ੍ਰੇਜ਼ ਨੂੰ ਦੇਖਦੇ ਹੋਏ ਉਨ੍ਹਾਂ ਦੇ ਦਫਤਰ ਨੇ ਮਸ਼ਹੂਰ ਕ੍ਰਿਕਟਰ ਸ਼ੁਭਮਨ ਗਿੱਲ ਨੂੰ ਸਟੇਟ ਆਈਕੋਨ ਨਿਯੁਕਤ ਕੀਤਾ ਏ ਅਤੇ ਉਨ੍ਹਾਂ ਨੂੰ ਭਰੋਸਾ ਏ ਕਿ ਸ਼ੁਭਮਨ ਗਿੱਲ ਵੱਲੋਂ

ਕੀਤੀ ਗਈ ਜਨ ਅਪੀਲ ਵੋਟ ਪ੍ਰਤੀਸ਼ਤ ਨੂੰ 70 ਫੀਸਦੀ ਤੋਂ ਉੱਪਰ ਲਿਜਾਣ ਦਾ ਟੀਚਾ ਹਾਸਲ ਕਰਨ ਵਿੱਚ ਮਦਦ ਕਰੇਗੀ। ਉਨਾਂ ਦੱਸਿਆ ਕਿ ਸਵੀਪ ਪ੍ਰੋਗਰਾਮ ਦੌਰਾਨ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਸਟੇਡੀਅਮ ਵਿੱਚ ਕਈ ਗਤੀਵਿਧੀਆਂ ਕਰਵਾਈਆਂ ਗਈਆਂ।ਪ੍ਰੋਗਰਾਮ ਵਾਲੀ ਥਾਂ ’ਤੇ ਮੌਜੂਦ ਇਲੈਕਟੋਰਲ ਲਿਟਰੇਸੀ ਕਲੱਬ ਦੇ 400 ਤੋਂ ਵੱਧ ਮੈਂਬਰਾਂ ਨੇ 18 ਸਾਲ ਦੀ ਉਮਰ ਵਾਲੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਤੇ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ ਮੈਚ ਸ਼ੁਰੂ ਹੋਣ ਤੋਂ ਪਹਿਲਾਂ ਭਾਰਤੀ ਚੋਣ ਕਮਿਸ਼ਨ ਦੇ ਗੀਤ "ਮੈਂ ਭਾਰਤ ਹੂੰ" ਦੀ ਵੀਡੀਓ ਨੂੰ ਵੀ ਵੱਡੀ ਸਕਰੀਨ ਉੱਤੇ ਚਲਾਇਆ ਗਿਆ। ਸਿਬਿਨ ਸੀ ਨੇ ਦੱਸਿਆ ਕਿ ਸਥਾਨਕ ਸਰੋਤਿਆਂ ਦਾ ਵਿਸ਼ੇਸ਼ ਧਿਆਨ ਰੱਖਦੇ ਹੋਏ ਗੀਤ ‘ਮੈਂ ਭਾਰਤ ਹੂੰ’ ਦਾ ਪੰਜਾਬੀ ਸੰਸਕਰਣ ਵੀ ਸਕਰੀਨ ’ਤੇ ਚਲਾਇਆ ਗਿਆ। ਇਸੇ ਤਰ੍ਹਾਂ ਮੈਚ ਦੌਰਾਨ ਸਟੇਟ ਆਈਕੋਨ ਸ਼ੁਭਮਨ ਗਿੱਲ ਅਤੇ ਤਰਸੇਮ ਜੱਸੜ

ਵੱਲੋਂ ਵੋਟਰ ਜਾਗਰੂਕਤਾ ਸੰਦੇਸ਼ ਅਤੇ ਵੋਟ ਪਾਉਣ ਦੀਆਂ ਕੀਤੀਆਂ ਅਪੀਲਾਂ ਵੀ ਵਿਖਾਈਆਂ ਗਈਆਂ।

------------------------------------------------------------

ਇਸ ਦੌਰਾਨ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਚੋਣ ਡਿਊਟੀ ਤੋਂ ਗੈਰ ਹਾਜ਼ਰ ਚੱਲ ਰਹੇ ਅਮਲੋਹ ਦੇ ਸਹਾਇਕ ਰਿਟਰਨਿੰਗ ਅਧਿਕਾਰੀ-ਕਮ-ਐਸ ਡੀ ਐਮ ਅਮਰਦੀਪ ਸਿੰਘ ਥਿੰਦ ਖਿਲਾਫ ਭਾਰਤ ਚੋਣ ਕਮਿਸ਼ਨ ਨੇ ਅਨੁਸ਼ਾਸਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ। ਅਮਰਦੀਪ ਸਿੰਘ ਥਿੰਦ ਦੀ ਥਾਂ ਹੁਣ ਕਮਿਸ਼ਨ ਨੇ ਕਰਨਦੀਪ ਸਿੰਘ ਨੂੰ ਅਮਲੋਹ ਦੇ ਸਹਾਇਕ ਰਿਟਰਨਿੰਗ ਅਧਿਕਾਰੀ-ਕਮ-ਐਸ ਡੀ ਐਮ ਵੱਜੋਂ ਨਿਯੁਕਤ ਕੀਤਾ ਏ ਤਾਂ ਜੋ ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਇਸ ਦੇ ਨਾਲ ਹੀ ਅਮਰਦੀਪ ਸਿੰਘ ਥਿੰਦ ਖਿਲਾਫ ਅਨੁਸ਼ਾਸਨੀ ਕਾਰਵਾਈ ਕੀਤੇ ਜਾਣ ਬਾਬਤ ਰਿਪੋਰਟ ਵੀ ਕਮਿਸ਼ਨ ਨੇ ਜਲਦ ਭੇਜਣ ਲਈ ਕਿਹਾ ਏ।

------------------------------------------------------------

ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਡਾ.

ਪੱਲਵੀ ਦੀ ਅਗਵਾਈ ਅਧੀਨ " ਅਬ ਕੀ ਬਾਰ 70 ਪਾਰ" ਦੇ ਟੀਚੇ ਨੂੰ ਪੂਰਾ ਕਰਨ ਲਈ " ਘਰ-ਘਰ ਦਸਤਕ " ਮੁਹਿੰਮ ਤਹਿਤ ਲੋਕ ਸਭਾ ਚੋਣ ਦੌਰਾਨ ਔਰਤਾਂ ਦੀ ਸਮੂਲੀਅਤ ਯਕੀਨੀ ਬਣਾਉਣ ਅਤੇ ਆਦਰਸ ਚੋਣ ਜਾਬਤੇ ਨੂੰ ਇੰਨ ਬਿਨ ਲਾਗੂ ਕਰਵਾਉਣ ਲਈ ਜ਼ਿਲ੍ਹੇ ਦੀਆਂ ਔਰਤਾਂ ਨੂੰ ਆਂਗਨਵਾੜੀ ਕੇਂਦਰਾਂ ਵਿੱਚ ਇੱਕਤਰ ਕਰਕੇ ਉਨ੍ਹਾਂ ਵਲੋਂ ਜਾਗਰੂਕ ਕੀਤਾ ਜਾ ਰਿਹਾ ਏ। ਜ਼ਿਲ੍ਹਾ ਸਵੀਪ ਨੋਡਲ ਅਫਸਰ ਮੁੰਹਮਦ ਇਰਫਾਨ ਫਾਰੂਕੀ ਨੇ ਕਿਹਾ ਕਿ ਔਰਤਾਂ ਸਮਾਜ਼ ਅਤੇ ਪਰਿਵਾਰ ਦਾ ਅਹਿਮ ਅੰਗ ਨੇ ਜਿਹੜੀਆਂ ਕਿ " ਚੋਣਾਂ ਦਾ ਪਰਵ, ਦੇਸ਼ ਦਾ ਗੋਰਵ" ਵਾਲੇ ਦਿਨ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਕੇ ਯੌਗ ਸਰਕਾਰ ਦੀ ਚੋਣ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾ ਸਕਦੀਆਂ ਨੇ। ਫਾਰੂਕੀ ਨੇ ਕਿਹਾ ਕਿ " ਘਰ-ਘਰ ਦਸਤਕ "ਮੁਹਿੰਮ ਸ਼ੁਰੂ ਕਰਨ ਦਾ ਮਨੋਰਥ ਪਿਛਲੀਆਂ ਚੋਣਾਂ ਦੌਰਾਨ ਸਰ ਕੀਤੀ ਗਈ ਵੋਟਿੰਗ ਪ੍ਰਤੀਸ਼ਤ ਨੂੰ ਕਾਇਮ ਰੱਖਣ ਲਈ ਵੋਟਰਾਂ ਨੂੰ ਜਾਗਰੂਕ ਕਰਨਾ ਏ।

---

ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡੀ ਏ ਵੀ ਕਾਲਜ ਗਿੱਦੜਬਾਹਾ ਵਿਖੇ

ਸਵੀਪ ਟੀਮ ਨੇ ਨੋਜਵਾਨਾਂ ਅਤੇ ਸਹਿਰ ਵਾਸੀਆਂ ਨੂੰ ਵੋਟ ਜਰੂਰ ਪਾਉਣ ਲਈ ਪ੍ਰੇਰਿਤ ਕਰਨ ਲਈ ਕਲ ਇਕ ਸਾਈਕਲ ਰੈਲੀ ਦਾ ਅਯੋਜਨ ਕੀਤਾ । ਟੀਮ ਦੇ ਨੋਡਲ ਅਫਸਰ ਅਸ਼ੋਕ ਕੁਮਾਰ, ਤਰਸੇਮ ਸਿੰਘ, ਕਮਲਜੀਤ ਸਿੰਘ, ਉਮੇਸ਼ ਕੁਮਾਰ ਅਤੇ ਰਾਧੇ ਸ਼ਾਮ ਨੇ ਨੌਜਵਾਨਾਂ ਅਤੇ ਸ਼ਹਿਰ ਵਾਸੀਆਂ ਨੂੰ ਆਪਣੀ ਵੋਟ ਦਾ ਇਸਤੇਮਾਲ ਜਰੂਰ ਕਰਨ ਦਾ ਸੁਨੇਹਾ ਦਿੱਤਾ । ਇਸ ਤੋਂ ਇਲਾਵਾ ਟੀਮ ਨੇ ਐਸ.ਐਸ.ਡੀ ਕਮਿਊਨਿਟੀ ਸੈਂਟਰ ਵਿਖੇ ਮੈਡੀਕਲ ਕੈਂਪ ਦੋਰਾਨ ਵੱਖ-ਵੱਖ ਐਨ ਜੀ ਓ ਦੇ ਅਹੁਦੇਦਾਰਾਂ ਨੂੰ ਵੋਟ ਜਰੂਰ ਪਾਉਣ ਅਤੇ ਭਾਰਤੀ ਚੋਣ ਕਮਿਸ਼ਨ ਵਲੋਂ ਨਿਰਧਾਰਿਤ ਇਸ ਵਾਰ ਵੋਟ 70 ਪ੍ਰਤੀਸ਼ਤ ਤੋਂ ਪਾਰ ਲੈ ਕੇ ਜਾਣ ਲਈ ਸਹਿਯੋਗ ਦੇਣ ਦਾ ਭਰੋਸਾ ਲਿਆ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਰੂਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਜਾਨ ਗਵਾਉਣ ਵਾਲਿਆਂ ਦੇ ਪੀੜਤ ਪਰਿਵਾਰਾਂ ਨੂੰ ਭਰੋਸਾ ਦਿੱਤਾ ਏ ਕਿ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਉਨਾਂ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ । ਅੱਜ ਪ੍ਰਭਾਵਤ ਇਲਾਕੇ ਦੇ

ਆਪਣੇ ਦੌਰੇ ਦੌਰਾਨ ਉਨਾਂ ਕਿਹਾ ਕਿ ਇਹ ਮੌਤ ਨਹੀਂ ਕਤਲ ਏ, ਇਸ ਲਈ ਧਾਰਾ 302 ਤਹਿਤ ਕੇਸ਼ ਦਰਜ ਕੀਤਾ ਗਿਆ ਏ ਅਤੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਪੂਰੀ ਜਾਂਚ ਕੀਤੀ ਜਾ ਰਹੀ ਏ ਅਤੇ ਇਸਦੇ ਪਿੱਛੇ ਛੁਪੇ ਹੋਏ ਕਸੂਰਵਾਰਾਂ ਨੂੰ ਲੋਕਾਂ ਸਾਹਮਣੇ ਲਿਆਂਦਾ ਜਾਵੇਗਾ। ਇਸ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਵੀ ਅੱਜ ਪ੍ਰਭਾਵਤ ਇਲਾਕਿਆਂ ਦਾ ਦੌਰਾ ਕਰਕੇ ਪੀੜਿਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਉਨਾਂ ਇਸ ਦੁਖਦ ਹਾਦਸੇ ਲਈ ਸੂਬਾ ਸਰਕਾਰ ਨੂੰ ਜਿੱਮੇਦਾਰ ਦੱਸਿਆ ਅਤੇ ਕਿਹਾ ਕਿ ਸਰਕਾਰ ਨੇ ਨੌਜਵਾਨਾਂ ਨੂੰ ਸੰਭਾਲਣਾ ਸੀ ਇਸ ਵਿਚ ਨਾਕਾਮ ਰਹੀ ਅਤੇ ਘਟਨਾ ਮੌਕੇ ਵੀ ਮੁੱਖ ਮੰਤਰੀ ਦਿੱਲੀ ਵਿੱਚ ਕੇਜਰੀਵਾਲ ਨੂੰ ਮਿਲਣ ਲਈ ਚਲੇ ਗਏ। ਉਧਰ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸੰਗਰੂਰ ਵੱਲੋਂ ਪ੍ਰਧਾਨ ਅੰਮ੍ਰਿਤ ਰਾਜਦੀਪ ਸਿੰਘ ਚੱਠਾ ਦੀ ਅਗਵਾਈ ਹੇਠ ਸੁਨਾਮ ਵਿਖੇ ਸ਼ਰਾਬ ਨਾਲ ਹੋਈਆਂ ਮੌਤਾਂ ਦੇ ਪ੍ਰਭਾਵਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਵਾਸਤੇ ਸੂਬਾ ਸਰਕਾਰ ਖਿਲਾਫ਼ ਰੋਸ ਮਾਰਚ ਕੱਢਿਆ ਗਿਆ।

-----------------------------------------------------------

ਸੰਗਰੂਰ ਪੁਲੀਸ ਵਲੋਂ ਜ਼ਹਿਰੀਲੀ ਸ਼ਰਾਬ ਵਾਲੇ ਮਾਮਲੇ ਵਿੱਚ ਅੱਜ ਪ੍ਰੈਸ ਕਾਨਫਰੰਸ ਕਰਦਿਆਂ ਡੀਆਈਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਨੇ ਦੱਸਿਆ ਕਿ ਪੁਲੀਸ ਨੇ ਗ੍ਰਿਫ਼ਤਾਰ ਕੀਤੇ ਦੋ ਮਾਸਟਰਮਾਈਂਡ ਗੁਰਲਾਲ ਸਿੰਘ ਉਭਾਵਾਲ ਅਤੇ ਹਰਮਨਪ੍ਰੀਤ ਸਿੰਘ ਪਿੰਡ ਤੇਈਪੁਰ ਦੋਵੇਂ ਸੰਗਰੂਰ ਜ਼ੇਲ੍ਹ ’ਚ ਇੱਕ-ਦੂਜੇ ਦੇ ਸੰਪਰਕ ਵਿੱਚ ਆਏ ਅਤੇ ਜੇਲ੍ਹ ’ਚ ਹੀ ਚੋਣਾਂ ਨੂੰ ਮੁੱ੍ਖ ਰੱਖਦਿਆਂ ਨਕਲੀ ਸ਼ਰਾਬ ਦਾ ਗੈਰਕਾਨੂੰਨੀ ਧੰਦਾ ਸ਼ੁਰੂ ਕਰਨ ਦੀ ਯੋਜਨਾ ਉਲੀਕੀ ਸੀ। ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਜਤਿੰਦਰ ਜ਼ੋਰਵਾਲ ਅਤੇ ਐਸਐਸਪੀ ਸਰਤਾਜ਼ ਸਿੰਘ ਚਾਹਲ ਵੀ ਮੌਜੂਦ ਸਨ।

-----------------------------------------------------------

ਹੋਲੀ ਦੇ ਤਿਉਹਾਰ ਨੂੰ ਲੈ ਕੇ ਦੇਸ਼ ਦੇ ਹੋਰਨਾਂ ਹਿੱਸਿਆਂ ਦੇ ਨਾਲ-ਨਾਲ ਪੰਜਾਬ ਦੇ ਬਜ਼ਾਰ ਵੀ ਆਕਰਸ਼ਕ ਰੰਗਾਂ ਵਿਚ ਰੰਗੇ ਹੋਏ ਨੇ। ਇਸ ਤਿਉਹਾਰ ਨੂੰ ਧੂਮ-ਧਾਮ ਨਾਲ ਮਨਾਉਣ ਲਈ ਲੋਕਾਂ ਵਿਚ ਪੂਰਾ ਉਤਸ਼ਾਹ ਏ ਅਤੇ ਹਰ ਕੋਈ ਕਲ 25 ਮਾਰਚ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਿਹਾ ਏ। ਜਲੰਧਰ ਸਮੇਤ ਸੂਬੇ ਦੇ ਵੱਖ-ਵੱਖ ਹਿੱਸਿਆਂ ਦੇ ਸਾਰੇ ਛੋਟੇ-ਵੱਡੇ ਬਾਜ਼ਾਰ ਇਨ੍ਹੀਂ ਦਿਨੀਂ ਲਾਲ, ਗੁਲਾਲ, ਹਰੇ ਅਤੇ ਪੀਲੇ ਰੰਗਾਂ ਨਾਲ ਭਰੇ ਹੋਏ ਨੇ। ਲੋਕ ਆਪਣੇ ਬੱਚਿਆਂ ਨਾਲ ਇਨ੍ਹਾਂ ਰੰਗਾਂ ਦੀ

ਖਰੀਦਦਾਰੀ 'ਚ ਰੁੱਝੇ ਹੋਏ ਨੇ । ਬਾਜ਼ਾਰ ਵਿੱਚ ਕਈ ਤਰ੍ਹਾਂ ਦੀਆਂ ਆਕਰਸ਼ਕ ਪਿਚਕਾਰੀਆਂ ਉਪਲਬਧ ਨੇ ਜਿਨ੍ਹਾਂ ਨੂੰ ਬੱਚਿਆਂ ਵੱਲੋਂ ਬਹੁਤ ਪਸੰਦ ਕੀਤਾ ਜਾ ਰਿਹਾ ਏ । ਸਮੇਂ ਦੇ ਨਾਲ-ਨਾਲ ਹਰਬਲ ਰੰਗਾਂ ਦਾ ਰੁਝਾਨ ਵੀ ਵਧਦਾ ਜਾ ਰਿਹਾ ਏ ਅਤੇ ਕਈ ਗੈਰ-ਸਰਕਾਰੀ ਸੰਸਥਾਵਾਂ ਹਰਬਲ ਰੰਗਾਂ ਦੀ ਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਲਗੇ ਹੋਏ ਨੇ । ਹਰਬਲ ਰੰਗਾਂ ਨੂੰ ਸਿਹਤ ਦੇ ਨਜ਼ਰੀਏ ਤੋਂ ਕਾਫੀ ਸੁਰੱਖਿਅਤ ਮੰਨਿਆ ਜਾਂਦਾ ਏ ਅਤੇ ਇਸ ਲਈ ਲੋਕ ਹਰਬਲ ਰੰਗਾਂ ਨੂੰ ਖਰੀਦਣ ਨੂੰ ਵੀ ਪਹਿਲ ਦੇ ਰਹੇ ਨੇ । ਮੰਦਰਾਂ ਵਿਚ ਰੰਗ-ਬਿਰੰਗੇ ਫੁੱਲਾਂ ਨਾਲ ਹੋਲੀ ਖੇਡਣ ਦਾ ਸਿਲਸਿਲਾ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਏ ।

-----------------------------------------------------------

ਇਸ ਦੌਰਾਨ ਖ਼ਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਕੌਮੀ ਹੋਲਾ ਮਹੱਲਾ ਦਾ ਦੂਜਾ ਪੜਾਅ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਅੱਜ ਸਵੇਰੇ ਅਰਦਾਸ ਕਰਨ ਉਪਰੰਤ ਸ਼ੁਰੂ ਹੋਇਆ । ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕੀਤੀ । ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੀ

ਇਸ ਮੌਕੇ ਤੇ ਮੌਜੂਦ ਰਹੇ । ਦੇਸ਼-ਵਿਦੇਸ਼ ਤੋਂ ਸੰਗਤਾਂ ਮੋਟਰਸਾਈਕਲਾਂ, ਟਰੈਕਟਰ ਟਰਾਲੀਆਂ ਅਤੇ ਹੋਰ ਵਾਹਨਾਂ 'ਤੇ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਰਹੀਆਂ ਨੇ । ਜ਼ਿਲਾ ਪ੍ਰਸ਼ਾਸਨ ਨੇ ਵੱਡੀ ਗਿਣਤੀ ਵਿਚ ਸੰਗਤਾਂ ਦੀ ਆਮਦ ਨੂੰ ਵੇਖਦਿਆਂ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਨੇ। ਕਈ ਖਾਈਂ ਸੀ ਸੀ ਟੀ ਵੀ ਕੈਮਰੇ ਵੀ ਲਗਾਏ ਗਏ ਨੇ । **ਵੇਰਵੇ ਨਾਲ ਇਹ ਰਿਪੋਰਟ:**

***ਡਿਸਪੈਚ: ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਅੱਜ ਤੜਕਸਾਰ ਅਰੰਭੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 26 ਮਾਰਚ ਨੂੰ ਪਾਏ ਜਾਣਗੇ । ਖਾਲਸਾਈ ਰੰਗ ਵਿੱਚ ਰੰਗੀ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ 'ਤੇ ਦੇਸ਼-ਵਿਦੇਸ਼ ਤੋਂ ਸੰਗਤਾਂ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ੍ਹ ਸਾਹਿਬ, ਕਿਲਾ ਫਤਹਿਗੜ੍ਹ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਸਾਹਿਬ ਅਤੇ ਗੁਰਦੁਆਰਾ ਸ਼ੀਸ਼ ਗੰਜ ਵਿਖੇ ਪੂਰੀ ਸ਼ਰਧਾ ਨਾਲ ਨਤ ਮਸਤਕ ਹੋ ਕੇ ਗੁਰਬਾਣੀ ਦਾ ਮਨੋਹਰ ਕੀਰਤਨ ਸਰਵਣ ਕਰ ਰਹੀਆਂ ਨੇ । ਵੱਖ-ਵੱਖ ਥਾਵਾਂ ਤੋਂ ਆਰੰਭ ਹੋਏ ਨਗਰ ਕੀਰਤਨ ਅਤੇ ਨਿਹੰਗ ਸਿੰਘਾਂ ਦੇ***

*ਜਥੇ ਵੀ ਨਿਹੰਗ ਸਿੰਘ ਜਥੇਦਾਰ ਛਾਉਣੀ ਪਹੁੰਚ ਰਹੇ ਨੇ । 26 ਮਾਰਚ ਨੂੰ ਹੋਲੇ ਮੁਹੱਲੇ ਦੇ ਆਖ਼ਰੀ ਦਿਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਸਿੰਘ ਸਾਹਿਬਾਨਾਂ ਦੀ ਅਗਵਾਈ ਹੇਠ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮਹੱਲਾ ਸਜਾਇਆ ਜਾਵੇਗਾ । ਤਖ਼ਤਾਂ ਦੇ ਜਥੇਦਾਰਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਵੱਖ ਵਖ ਨਿਹੰਗ ਸਿੰਘ ਜਥੇਬੰਦੀਆਂ ਇਸ ਵਿਚ ਹੁੰਮ ਹੁੱਮਾ ਕੇ ਸ਼ਾਮਿਲ ਹੋਣਗੀਆਂ । ਪੁਰਾਤਨ ਰਵਾਇਤ ਅਨੁਸਾਰ ਚਰਨ ਗੰਗਾ ਸਟੇਡੀਅਮ ਵਿਖੇ ਇਸ ਦਿਨ ਖਾਲਸਾਈ ਖੇਡਾਂ ਦਾ ਪ੍ਰਦਰਸ਼ਨ ਵੀ ਕੀਤਾ ਜਾਵੇਗਾ ।*

*ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

ਤਿਓਹਾਰੀ ਸੀਜ਼ਨ ਦੌਰਾਨ ਪਿਆਜ਼ ਦੀਆਂ ਕੀਮਤਾਂ ਕਾਬੂ ਵਿਚ ਰੱਖਣ ਲਈ ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਅਣਮਿੱਥੇ ਸਮੇਂ ਲਈ ਵਧਾ ਦਿੱਤੀ ਏ । ਦਸੰਬਰ 'ਚ ਲਗਾਈ ਗਈ ਪਿਆਜ਼ ਦੀ ਬਰਾਮਦ 'ਤੇ ਪਾਬੰਦੀ 31 ਮਾਰਚ, 2024 ਨੂੰ ਖਤਮ ਹੋਣ ਵਾਲੀ ਸੀ ।

ਵਿਦੇਸ਼ੀ ਵਪਾਰ ਡਾਇਰੈਕਟੋਰੇਟ ਜਨਰਲ ਡੀ ਜੀ ਐਫ ਟੀ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਏ ਕਿ ਪਿਆਜ਼ ਦੀ ਬਰਾਮਦ 'ਤੇ ਮੌਜੂਦਾ ਪਾਬੰਦੀ ਅਗਲੇ ਨੋਟਿਸ ਤੱਕ ਜਾਰੀ ਰਹੇਗੀ।

---------------------------------------------------

- ਲੋਕਸਭਾ ਚੋਣ ਪ੍ਰਕਿਰਿਆ ਵਿਚ 'ਇਸ ਵਾਰ 70 ਪਾਰ' ਮੁਹਿੰਮ ਦਾ ਟੀਚਾ ਪ੍ਰਾਪਤ ਕਰਨ ਲਈ ਪੰਜਾਬ ਦੇ ਮੁੱਖ ਚੋਣ ਦਫਤਰ ਨੇ ਕੌਮਾਂਤਰੀ ਕ੍ਰਿਕਟ ਸਟੇਡੀਅਮ ਮੁੱਲਾਂਪੁਰ ਵਿਖੇ ਕਲ ਆਈ.ਪੀ.ਐੱਲ. ਮੈਚ ਦੌਰਾਨ ਸਵੀਪ ਪ੍ਰੋਗਰਾਮ ਆਯੋਜਿਤ ਕੀਤਾ।
- ਚੋਣ ਡਿਊਟੀ ਤੋਂ ਗੈਰ ਹਾਜ਼ਰ ਅਮਲੋਹ ਦੇ ਸਹਾਇਕ ਰਿਟਰਨਿੰਗ ਅਧਿਕਾਰੀ ਅਮਰਦੀਪ ਸਿੰਘ ਥਿੰਦ ਖਿਲਾਫ ਭਾਰਤ ਚੋਣ ਕਮਿਸ਼ਨ ਨੇ ਅਨੁਸ਼ਾਸਨੀ ਕਾਰਵਾਈ ਦੇ ਨਿਰਦੇਸ਼ ਦਿੱਤੇ ਨੇ।
- ਕੌਮੀ ਹੋਲਾ ਮਹੱਲਾ ਦਾ ਦੂਜਾ ਪੜਾਅ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਅੱਜ ਸਵੇਰੇ ਅਰਦਾਸ ਕਰਨ ਉਪਰੰਤ ਸ਼ੁਰੂ ਹੋਇਆ।

- ਪਿਆਜ਼ ਦੀਆਂ ਕੀਮਤਾਂ ਕਾਬੂ ਵਿਚ ਰੱਖਣ ਲਈ ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਅਣਮਿੱਥੇ ਸਮੇਂ ਲਈ ਵਧਾ ਦਿੱਤੀ ਏ।